Vigilance Bureau Punjab

# Vigilance nabs Head Constable, Accountant for taking bribes in two different cases

Chandigarh, January 4: State Vigilance Bureau, today nabbed head constable (HC) Sukhwinder Singh and Accountant Chamkaur Singh red handed while accepting bribes in two different cases.

Disclosing this here an official spokesperson of the Vigilance Bureau said HC Sukhwinder Singh posted at Police Station Sohana in SAS Nagar district was nabbed red handed on the complaint of Gurjit Singh of village Dubhali in Fetehgarh Sahib district. The Complainant has approached the VB and alleged that the accused police official was demanding Rs 10,000 for helping him in obtaining bail from the court, he informed that the deal was struck at Rs. 6,000 and had already paid Rs. 3,000 as a first installment.

After verifying his information, the Vigilance team laid a trap and the accused HC was arrested on the spot taking bribe of Rs. 3,000 of second installment from the complainant in the presence of two official witnesses.

It may be mentioned here that a case of cheating was registered last year in police station city Kharar, SAS Nagar against HC Sukhwinder Singh and his wife Balwinder Kaur, who is also a lady HC in Mohali police. They were dismissed from service at that time, but were reinstated later after court's order.

In another first of its kind bribery case, an Accountant Chamkaur Singh posted at Guru Hargobind College of Nursing Raikot, Ludhiana district was nabbed red handed for accepting bribe on the complaint of Gurmeet Singh Dhillon of village Binjal, Ludhiana district.

The Complainant has approached the VB and alleged that the accused accountant was demanding Rs 5,000 to provide documents for his daughter who had finished her BSc. nursing course from this college.

After verifying his information, the Vigilance team from EOW wing Ludhiana laid a trap and the accused Accountant was arrested on the spot taking bribe of Rs. 5,000 from the complainant in the presence of two official witnesses.

It may be mentioned here that the officials employed in the private institutions could also be booked under the Prevention of Corruption Act as they are dealing with public.

He informed that cases under different sections of prevention of corruption act have been registered against both the accused at VB police station SAS Nagar and Ludhiana respectively and further investigations were under progress.

-----------------

ਵਿਜੀਲੈਂਸ ਬਿਓਰੋ ਪੰਜਾਬ

## ਵਿਜੀਲੈਂਸ ਨੇ ਰਿਸ਼ਵਤ ਲੈਂਦਾ ਹੌਲਦਾਰ ਅਤੇ ਲੇਖਾਕਾਰ ਰੰਗੇ ਹੱਥੀਂ ਦਬੋਚਿਆ

ਚੰਡੀਗੜ੍ਹ, 4 ਜਨਵਰੀ : ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਥਾਣਾ ਸੋਹਾਣਾ, ਐਸ.ਏ.ਐਸ ਨਗਰ ਵਿਖੇ ਤਾਇਨਾਤ ਹੌਲਦਾਰ ਅਤੇ ਲੁਧਿਆਣਾ ਜਿਲੇ ਦੇ ਇਕ ਨਿਜੀ ਨਰਿੰਗ ਕਾਲਜ ਵਿਚ ਤਾਇਨਾਤ ਲੇਖਾਕਾਰ ਨੂੰ ਦੋ ਵੱਖ-ਵੱਖ ਥਾਵਾਂ 'ਤੇ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਹੌਲਦਾਰ ਨੂੰ ਸ਼ਿਕਾਇਤਕਰਤਾ ਗੁਰਜੀਤ ਸਿੰਘ ਵਾਸੀ ਪਿੰਡ ਦੁਭਾਲੀ, ਜਿਲਾ ਸ਼੍ਰੀ ਫਤਹਿਗੜ੍ਹ ਸਾਹਿਬ ਦੀ ਸ਼ਿਕਾਇਤ 'ਤੇ ਫ਼ੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਕਤ ਮੁੱਖ ਸਿਪਾਹੀ ਵਲੋਂ ਉਸ ਵਿਰੁੱਧ ਚਲ ਰਹੇ ਮੁਕੱਦਮੇ ਵਿਚ ਅਦਾਲਤ ਵਲੋਂ ਜਮਾਨਤ ਦੁਆਉਣ ਵਿਚ ਮਦਦ ਕਰਨ ਬਦਲੇ 10,000 ਰੁਪਏ ਦੀ ਮੰਗ ਕੀਤੀ ਗਈ ਹੈ ਅਤੇ ਸੌਦਾ 6,000 ਰੁਪਏ ਵਿਚ ਤੈਅ ਹੋਇਆ ਹੈ ਅਤੇ ਉਸ ਵਲੋਂ ਪਹਿਲੀ ਕਿਸ਼ਤ ਦੇ 3000 ਰੁਪਏ ਵੀ ਅਦਾ ਕਰ ਦਿੱਤੇ ਗਏ ਹਨ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਹੌਲਦਾਰ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ ਦੂਸਰੀ ਕਿਸ਼ਤ ਦੇ 3,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ 'ਤੇ ਹੀ ਦਬੋਚ ਲਿਆ।

ਜਿਕਰਯੋਗ ਹੈ ਕਿ ਪਿਛਲੇ ਸਾਲ ਇਸੇ ਹੌਲਦਾਰ ਸੁਖਵਿੰਦਰ ਸਿੰਘ ਅਤੇ ਉਸ ਦੀ ਪਤਨੀ ਜੋ ਕਿ ਮੁਹਾਲੀ ਪੁਲਿਸ ਵਿਚ ਮਹਿਲਾ ਹੌਲਦਾਰ ਵਜੋ ਤਾਇਨਾਤ ਹੈ ਵਿਰੁੱਧ ਖਰੜ ਥਾਣੇ ਵਿਚ ਧੋਖਾਧੜੀ ਦਾ ਮੁੱਕਦਮਾ ਦਰਜ ਕੀਤਾ ਗਿਆ ਸੀ ਜਿਸ ਕਰਕੇ ਉਨ੍ਹਾਂ ਨੂੰ ਨੌਕਰੀ ਤੋਂ ਬਰਖਾਸਤ ਕਰ ਦਿੱਤਾ ਗਿਆ ਪਰ ਅਦਾਲਤ ਦੇ ਹੁਕਮਾ ਅਨੁਸਾਰ ਉਨ੍ਹਾਂ ਨੂੰ ਮੁੜ ਤੋਂ ਨੌਕਰੀ 'ਤੇ ਬਹਾਲ ਕਰ ਦਿੱਤਾ ਗਿਆ।

ਇਕ ਹੋਰ ਭ੍ਰਿਸ਼ਟਾਚਾਰ ਦੇ ਮੁਕੱਦਮੇ ਵਿਚ ਗੁਰੂਹਰਗੋਬਿੰਦ ਕਾਲਜ ਆਫ ਨਰਸਿੰਗ, ਰਾਏਕੋਟ, ਲੁਧਿਆਣਾ ਵਿਖੇ ਤਾਇਨਾਤ ਲੇਖਾਕਾਰ ਚਮਕੌਰ ਸਿੰਘ ਨੂੰ ਸ਼ਿਕਾਇਤਕਰਤਾ ਗੁਰਮੀਤ ਸਿੰਘ ਢਿਲੋਂ ਵਾਸੀ ਪਿੰਡ ਬਿੰਜਲ ਜਿਲਾ ਲੁਧਿਆਣਾ ਦੀ ਸ਼ਿਕਾਇਤ 'ਤੇ 5,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫਤਾਰ ਕੀਤਾ ਗਿਆ।

ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਸ ਦੀ ਲੜਕੀ ਜਿਸ ਨੇ ਗੁਰੂਹਰਗੋਬਿੰਦ ਕਾਲਜ ਆਫ ਨਰਸਿੰਗ, ਰਾਏਕੋਟ ਤੋਂ ਕੀਤੀ ਪੜਾਈ ਦੇ ਸਬੰਧ ਵਿਚ ਉਕਤ ਲੇਖਾਕਾਰ ਵਲੋਂ ਦਸਤਾਵੇਜ ਮੁਹੱਈਆ ਕਰਾਉਣ ਬਦਲੇ 5,000 ਰੁਪਏ ਦੀ ਮੰਗ ਕੀਤੀ ਗਈ ਹੈ। ਉਸ ਨੇ ਇਹ ਵੀ ਕਿਹਾ ਕਿ ਉਹ ਪਹਿਲਾਂ ਵੀ ਉਕਤ ਦੋਸ਼ੀ ਨੂੰ ਦਸਤਾਵੇਜਾਂ ਮੁਹੱਈਆ ਕਰਾਉਣ ਲਈ 15,000 ਰੁਪਏ ਅਦਾ ਕਰ ਚੁੱਕਾ ਹੈ। ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਲੇਖਾਕਾਰ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 5,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ 'ਤੇ ਹੀ

ਦਬੋਚ ਲਿਆ। ਜਿਕਰਯੋਗ ਹੈ ਕਿ ਕਿਸੇ ਵੀ ਨਿਜੀ ਸੰਸਥਾ ਵਿਚ ਕੰਮ ਕਰਦੇ ਕਰਮਚਾਰੀ ਵਿਜੀਲੈਂਸ ਭ੍ਰਿਸ਼ਟਾਚਾਰ ਕਾਨੂੰਨ ਤਹਿਤ ਕਾਰਵਾਈ ਕਰ ਸਕਦੀ ਹੈ ਜੇਕਰ ਉਹ ਆਮ ਜਨਤਾ ਤੋਂ ਕੰਮ ਕਰਨ ਬਦਲੇ ਰਿਸ਼ਵਤ ਦੀ ਮੰਗ ਕਰ ਰਿਹਾ ਹੋਵੇ।

ਬੁਲਾਰੇ ਨੇ ਦੱਸਿਆ ਕਿ ਦੋਸ਼ੀਆਂ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਐਸ.ਏ.ਐਸ.ਨਗਰ ਅਤੇ ਲੁਧਿਆਣਾ ਵਿਖੇ ਮੁਕੱਦਮੇ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

-----------------